# ਪੰਜਾਬ ਸਕੂਲ ਸਿੱਖਿਆ ਬੋਰਡ

## ਪ੍ਰੈਸ ਨੋਟ

### (ਦਸਵੀਂ ਪੱਧਰ ਦੀ ਪੰਜਾਬੀ ਵਾਧੂ ਵਿਸ਼ੇ ਦੀ ਪ੍ਰੀਖਿਆ ਲੈਣ ਸਬੰਧੀ)

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਸੈਸ਼ਨ 2018-19 ਦੀ ਪਹਿਲੀ ਤਿਮਾਹੀ ਦੀ ਪ੍ਰੀਖਿਆ ਲੈਣ ਲਈ ਮਿਤੀ 26-04-2018 ਅਤੇ 27-04-2018 ਨਿਸ਼ਚਿੱਤ ਕੀਤੀ ਗਈ ਹੈ। ਪੰਜਾਬੀ-ਏ ਦੀ ਪ੍ਰੀਖਿਆ ਮਿਤੀ 26-04-2018 ਅਤੇ ਪੰਜਾਬੀ-ਬੀ ਦੀ ਪ੍ਰੀਖਿਆ ਮਿਤੀ 27-04-2018 ਨੂੰ ਹੋਵੇਗੀ। ਪ੍ਰੀਖਿਆ ਫਾਰਮ ਬੋਰਡ ਦੀ ਵੈਬ ਸਾਈਟ ਤੇ ਮਿਤੀ 02-04-2018 ਤੋਂ ਉਪਲੱਬਧ ਹੋਣਗੇ। ਆਨ ਲਾਈਨ ਪ੍ਰੀਖਿਆ ਫਾਰਮ ਹਰ ਪੱਖੋਂ ਮੁਕੰਮਲ ਕਰਨ ਉਪਰੰਤ ਮਿਤੀ 17-04-2018 ਤੱਕ ਫਾਰਮ ਸੈਕਸ਼ਨ, ਪ੍ਰੀਖਿਆ-ਦਸਵੀਂ ਮੁੱਖ ਦਫਤਰ, ਪੰਜਾਬ ਸਕੂਲ ਸਿੱਖਿਆ ਬੋਰਡ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿਖੇ ਪ੍ਰਾਪਤ ਕੀਤੇ ਜਾਣਗੇ। ਰੋਲ ਨੰਬਰ ਬੋਰਡ ਦੀ ਵੈਬ ਸਾਈਟ ਤੇ ਮਿਤੀ 23-04-2018 ਤੋਂ ਉਪਲੱਬਧ ਹੋਣਗੇ। ਪ੍ਰੀਖਿਆ ਫਾਰਮ ਜਮਾਂ ਕਰਵਾਉਣ ਸਮੇਂ ਪ੍ਰੀਖਿਆਰਥੀ ਆਪਣੇ ਮੈਟ੍ਰਿਕ ਪਾਸ ਦੇ ਅਸਲ ਸਰਟੀਫਿਕੇਟ, ਫੋਟੋ ਪਹਿਚਾਣ ਪੱਤਰ ਅਤੇ ਉਹਨਾਂ ਦੀਆਂ ਤਸਦੀਕਸ਼ੁਦਾ ਫੋਟੋ ਕਾਪੀਆਂ ਨਾਲ ਲੈ ਕੇ ਆਉਣ। ਪ੍ਰੀਖਿਆ ਫਾਰਮ ਅਤੇ ਹੋਰ ਜਾਣਕਾਰੀ ਲਈ ਬੋਰਡ ਦੀ ਵੈਬ ਸਾਈਟ www.pseb.ac.in ਵੇਖੀ ਜਾਵੇ।

ਸਕੱਤਰ